ਪਉੜੀ ॥ ਪੰਚੇ ਸਬਦ ਵਜੇ ਮਤਿ ਗੁਰਮਤਿ ਵਡਭਾਗੀ ਅਨਹਦੁ ਵਜਿਆ ॥ ਆਨਦ ਮੂਲੁ ਰਾਮੁ ਸਭੁ ਦੇਖਿਆ ਗੁਰ ਸਬਦੀ ਗੋਵਿਦੁ ਗਜਿਆ ॥ ਆਦਿ ਜੁਗਾਦਿ ਵੇਸੁ ਹਰਿ ਏਕੋ ਮਤਿ ਗੁਰਮਤਿ ਹਰਿ ਪ੍ਰਭੁ ਭਜਿਆ ॥ ਹਰਿ ਦੇਵਹੁ ਦਾਨੁ ਦਇਆਲ ਪ੍ਰਭ ਜਨ ਰਾਖਹੁ ਹਰਿ ਪ੍ਰਭ ਲਜਿਆ ॥ ਸਭਿ ਧੰਨੁ ਕਹਹੁ ਗੁਰੁ ਸਤਿਗੁਰੂ ਗੁਰੁ ਸਤਿਗੁਰੂ ਜਿਤੁ ਮਿਲਿ ਹਰਿ ਪੜਦਾ ਕਜਿਆ ॥੭ ॥ {ਪੰਨਾ 1315}

ਪਦ ਅਰਥ:- ਪੰਚੇ ਸਬਦ—ਪੰਜਾਂ ਹੀ ਕਿਸਮਾਂ ਦੇ ਸਾਜ਼ ਜੋ ਮਿਲ ਕੇ ਇਕ ਅਸਚਰਜ ਸੁਰੀਲਾ ਰਾਗ ਪੈਦਾ ਕਰਦੇ ਹਨ। ਗੁਰਮਤਿ—ਗੁਰੂ ਦਾ ਉਪਦੇਸ਼। ਅਨਹਦ—ਉਹ ਰਾਗ ਜੋ ਬਿਨਾ ਸਾਜ ਵਜਾਏ ਹੁੰਦਾ ਰਹੇ, ਇਕ-ਰਸ ਰਾਗ। ਆਨਦ ਮੂਲੁ—ਆਨੰਦ ਦਾ ਸੋਮਾ। ਸਭੁ—ਹਰ ਥਾਂ। ਸਬਦੀ—ਸ਼ਬਦ ਦੀ ਰਾਹੀਂ। ਗਜਿਆ—ਗੱਜਿਆ, ਜ਼ੋਰ ਨਾਲ ਪਰਗਟ ਹੋ ਪਿਆ (ਜਿਵੇਂ ਬੱਦਲ ਗੱਜਣ ਤੇ ਹੋਰ ਅਵਾਜ਼ਾਂ ਸੁਣੀਆਂ ਨਹੀਂ ਜਾਂਦੀਆਂ)। ਵੇਸੁ—ਸਰੂਪ, ਹਸਤੀ। ਜੁਗਾਦਿ—ਜੁਗਾਂ ਦੇ ਆਦਿ ਤੋਂ। ਭਜਿਆ—ਸਿਮਰਿਆ। ਹਰਿ—ਹੇ ਹਰੀ! ਜਨ ਲਜਿਆ—(ਆਪਣੇ) ਦਾਸ ਦੀ ਲਾਜ। ਸਭਿ—ਸਾਰੇ। ਜਿਤੁ—ਜਿਸ ਦੀ ਰਾਹੀਂ। ਮਿਲਿ ਹਰਿ—ਪਰਮਾਤਮਾ ਨੂੰ ਮਿਲ ਕੇ। ਪੜਦਾ ਕਜਿਆ—ਇੱਜ਼ਤ ਬਚੀ ਰਹਿੰਦੀ ਹੈ।

ਅਰਥ:- ਹੇ ਭਾਈ! ਜਿਸ ਵੱਡੇ ਭਾਗਾਂ ਵਾਲੇ ਮਨੁੱਖ ਦੀ ਮੱਤ ਵਿਚ ਗੁਰੂ ਦਾ ਉਪਦੇਸ਼ ਵੱਸ ਪੈਂਦਾ ਹੈ ਉਸ ਦੇ ਅੰਦਰ (ਆਤਮਕ ਆਨੰਦ ਦਾ) ਇਕ-ਰਸ ਵਾਜਾ ਵੱਜ ਪੈਂਦਾ ਹੈ (ਉਸ ਦੇ ਅੰਦਰ, ਮਾਨੋ) ਪੰਜਾਂ ਹੀ ਕਿਸਮਾਂ ਦੇ ਸਾਜ਼ ਵੱਜ ਪੈਂਦੇ ਹਨ। ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਉਸ ਦੇ ਅੰਦਰ) ਪਰਮਾਤਮਾ ਗੱਜ ਪੈਂਦਾ ਹੈ ਅਤੇ ਉਹ ਹਰ ਥਾਂ ਆਨੰਦ ਦੇ ਸੋਮੇ ਪਰਮਾਤਮਾ ਨੂੰ (ਵੱਸਦਾ) ਵੇਖਦਾ ਹੈ। (ਹੇ ਭਾਈ! ਜਿਹੜਾ ਮਨੁੱਖ) ਗੁਰੂ ਦੀ ਮੱਤ ਲੈ ਕੇ ਪਰਮਾਤਮਾ ਦਾ ਭਜਨ ਕਰਦਾ ਹੈ (ਉਸ ਨੂੰ ਇਹ ਨਿਸਚਾ ਆ ਜਾਂਦਾ ਹੈ ਕਿ ਸ੍ਰਿਸ਼ਟੀ ਦੇ) ਆਦਿ ਤੋਂ ਜੁਗਾਂ ਦੇ ਆਦਿ ਤੋਂ ਪਰਮਾਤਮਾ ਦੀ ਇਕੋ ਹੀ ਅਟੱਲ ਹਸਤੀ ਹੈ।

ਹੇ ਹਰੀ! ਹੇ ਦਇਆ ਦੇ ਸੋਮੇ ਪ੍ਰਭੂ! ਤੂੰ ਆਪਣੇ ਦਾਸਾਂ ਨੂੰ (ਆਪਣੇ ਨਾਮ ਦਾ) ਦਾਨ ਦੇਂਦਾ ਹੈਂ, (ਤੇ, ਇਸ ਤਰ੍ਹਾਂ ਵਿਕਾਰਾਂ ਦੇ ਟਾਕਰੇ ਤੇ ਉਹਨਾਂ ਦੀ) ਲਾਜ ਰੱਖਦਾ ਹੈਂ।

ਹੇ ਭਾਈ! ਤੁਸੀ ਸਾਰੇ ਗੁਰੂ ਨੂੰ ਧੰਨ-ਧੰਨ ਆਖੋ, ਗੁਰੂ ਨੂੰ ਧੰਨ-ਧੰਨ ਆਖੋ ਜਿਸ ਦੀ ਰਾਹੀਂ ਪਰਮਾਤਮਾ ਨੂੰ ਮਿਲ ਕੇ (ਵਿਕਾਰਾਂ ਦੇ ਟਾਕਰੇ ਤੇ) ਇੱਜ਼ਤ ਬਚ ਜਾਂਦੀ ਹੈ।7।